# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-05-2024**

ਪੰਜਾਬ ਵਿਚ ਲੋਕਸਭਾ ਚੋਣਾਂ ਦੇ 7ਵੇਂ ਤੇ ਆਖਰੀ ਗੇੜ ਵਿਚ ਪਹਿਲੀ ਜੂਨ ਨੂੰ ਹੋਣ ਵਾਲੀ ਵੋਟਿੰਗ ਲਈ, ਹੁਣ ਚੋਣ ਪ੍ਰਚਾਰ ਪੂਰੀ ਤਰ੍ਹਾਂ ਨਾਲ ਭਖ ਗਿਆ ਏ। ਵੱਖ ਵੱਖ ਸਿਆਸੀ ਪਾਰਟੀਆਂ ਦੇ ਵੱਡੇ ਆਗੂ ਪ੍ਰਚਾਰ ਵਿਚ ਰੁਝੇ ਹੋਏ ਨੇ। ਲੁਧਿਆਣਾ ਤੋਂ BJP ਦੇ ਉਮੀਦਵਾਰ ਰਵਨੀਤ ਸਿੰਘ ਬਿੱਟੂ ਦੇ ਹੱਕ ਵਿੱਚ ਕਲ ਇਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ, BJP ਦੇ ਸੀਨੀਅਰ ਆਗੂ ਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਵੇਲੇ ਸਮੁੱਚਾ ਪੰਜਾਬ ਭ੍ਰਿਸ਼ਟਾਚਾਰ ਵਿੱਚ ਘਿਰਿਆ ਹੋਇਆ ਏ ਅਤੇ ਅਰਵਿੰਦ ਕੇਜਰੀਵਾਲ ਨੂੰ ਕੇਸ ਲੜਨ ਲਈ ਫੀਸ ਚਾਹੀਦੀ ਏ, ਇਸ ਲਈ ਉਨਾਂ ਪੰਜਾਬ ਨੂੰ ਭ੍ਰਿਸ਼ਟਾਚਾਰ ਦਾ ATM ਬਣਾ ਕੇ ਰੱਖਿਆ ਹੋਇਆ ਏ। ਉਨਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਜੇਕਰ ਗੁਜਰਾਤ ਜਾਂ ਕਿਤੇ ਹੋਰ ਜਾਣਾ ਹੁੰਦਾ ਏ, ਤਾਂ ਪੰਜਾਬ ਦੇ ਮੁੱਖ ਮੰਤਰੀ ਉਨਾਂ ਦੇ

ਪਾਇਲਟ ਬਣਕੇ ਨਾਲ ਜਾਂਦੇ ਨੇ, ਪਰ ਜਦੋਂ ਅਰਵਿੰਦ ਕੇਜਰੀਵਾਲ ਜੇਲ੍ਹ ਗਏ ਤਾਂ ਉਹ ਨਾਲ ਨਹੀਂ ਗਏ। ਅਮਿਤ ਸ਼ਾਹ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੇ ਕਾਂਗਰਸ ਦਾ ਦਿੱਲੀ ਤੇ ਹੋਰਨਾਂ ਥਾਂਵਾਂ ਤੇ ਤਾਂ ਗਠਜੋੜ ਏ, ਪਰ ਪੰਜਾਬ ਵਿੱਚ ਦੋਵੇਂ ਨੂਰਾ ਕੁਸ਼ਤੀ ਕਰ ਰਹੇ ਨੇ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਮਹਿਲਾ ਨੂੰ ਇਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਕੀਤਾ ਸੀ ਪਰ ਇਸ ਨੂੰ ਪੂਰਾ ਨਹੀਂ ਕੀਤਾ ਏ ਅਤੇ ਨਾ ਹੀ ਸੂਬੇ ਨੂੰ ਨਸ਼ਾਮੁਕਤ ਕੀਤਾ ਏ।

------------------------------------------------------------

ਏਧਰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅੱਜ ਸ਼ਾਮ ਜਲੰਧਰ ਵਿਚ ਪਾਰਟੀ ਦੇ ਉਮੀਦਵਾਰ ਪਵਨ ਕੁਮਾਰ ਟੀਨੂੰ ਦੇ ਹੱਕ ਵਿਚ ਰੋਡ ਸ਼ੋ ਕਰਨਗੇ। ਇਸ ਤੋਂ ਪਹਿਲਾਂ ਕੱਲ੍ਹ ਉਨਾਂ ਹੁਸ਼ਿਆਰਪੁਰ ਲੋਕਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਡਾ. ਰਾਜਕੁਮਾਰ ਚੱਬੇਵਾਲ ਲਈ ਚੋਣ ਪ੍ਰਚਾਰ ਕੀਤਾ। ਉਨ੍ਹਾਂ ਰੋਡ ਸ਼ੋਅ ਵਿਚ ਹਿੱਸਾ ਲਿਆ ਜਿਹੜਾ ਵਾਲਮੀਕੀ ਚੌਂਕ ਤੋਂ ਘੰਟਾ ਘਰ ਤੱਕ ਤਕਰੀਬਨ 350 ਮੀਟਰ ਚੱਲਿਆ। ਓਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ,

ਪਹਿਲੀ ਜੂਨ ਨੂੰ ਝਾੜੂ ਦਾ ਬਟਨ ਦਬਾਉਣ ਤਾਂ ਜੋ ਸੰਵਿਧਾਨ ਦੀ ਰਾਖੀ ਲਈ ਉਹ ਆਪਣੀ ਪੂਰੀ ਵਾਹ ਲਗਾ ਸਕਣ।

-----------------------------------------------------

ਲੋਕ ਸਭਾ ਚੋਣਾ ਦੇ ਮੱਦੇਨਜ਼ਰ ਕਲ ਮੋਗਾ ਵਿਖੇ BJP ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਦੀ ਅਗਵਾਈ ਹੇਠ ਸ਼ਹਿਰ ਦੇ ਉਦਯੋਗਪਤੀਆਂ, ਵਪਾਰੀਆਂ, ਦੁਕਾਨਦਾਰਾਂ ਅਤੇ ਪਤਵੰਤਿਆਂ ਨਾਲ ਵਿਸ਼ੇਸ਼ ਮਿਲਣੀ ਸਮਾਗਮ ਹੋਇਆ। ਆਸਾਮ ਦੇ ਮੁੱਖ ਮੰਤਰੀ ਹੇਮੰਤ ਬਿਸ਼ਵਾ ਸਰਮਾ ਨੇ ਇਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਪਿਛਲੇ 10 ਸਾਲਾਂ ਵਿੱਚ ਆਸਾਮ ਵਿੱਚ ਡਰੱਗ ਮਾਫੀਆ ਅਤੇ ਗੈਂਗਸਟਰਾਂ ਦਾ ਖਾਤਮਾ ਕਰਕੇ, ਆਸਾਮ ਵਿੱਚ ਸ਼ਾਂਤੀ ਸਥਾਪਿਤ ਕੀਤੀ ਏ, ਜਿਸ ਕਾਰਨ ਜਿਨ੍ਹਾਂ ਉਦਯੋਗਪਤੀਆਂ ਨੇ ਆਸਾਮ ਵੱਲ ਝਾਕਿਆ ਵੀ ਨਹੀਂ ਸੀ, ਉਹ ਹੁਣ ਆਸਾਮ ਵਿੱਚ ਉਦਯੋਗ ਸਥਾਪਤ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਦੇ ਲੋਕ, ਨਰੇਂਦਰ ਮੋਦੀ ਨੂੰ ਸੇਵਾ ਦਾ ਮੌਕਾ ਦੇਣ ਤਾਂ ਪੰਜਾਬ ਸੋਨੇ ਦੀ ਚਿੜੀ ਬਣ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਮਿਹਨਤ ਨੂੰ ਦੁਨੀਆਂ ਭਰ ਵਿੱਚ ਮਾਨਤਾ ਮਿਲਦੀ

ਏ ਅਤੇ ਪੰਜਾਬ ਦੇਸ਼ ਦਾ ਦਿਲ ਏ, ਜਿੱਥੇ ਅੰਨਦਾਤਾ ਸਮੁੱਚੇ ਭਾਰਤ ਦੇ ਅਨਾਜ ਭੰਡਾਰਾਂ ਵਿੱਚ ਯੋਗਦਾਨ ਪਾਉਂਦਾ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਪਿਛਲੇ 2-3 ਦਿਨਾਂ 'ਚ ਪੰਜਾਬ 'ਚ ਆਪਣੇ ਭਾਸ਼ਣਾਂ 'ਚ ਸਪੱਸ਼ਟ ਕੀਤਾ ਏ, ਕਿ ਉਹ ਪੰਜਾਬ 'ਚੋਂ ਨਸ਼ਿਆਂ ਅਤੇ ਗੈਂਗਸਟਰਾਂ ਨੂੰ ਖਤਮ ਕਰਕੇ ਨਵਾਂ ਪੰਜਾਬ ਬਣਾਉਣ ਦੀ ਇੱਛਾ ਰੱਖਦੇ ਨੇ।

---------------------------------------------------

ਸ੍ਰੀ ਫਤਹਿਗੜ੍ਹ ਸਾਹਿਬ ਰਾਖਵੇਂ ਲੋਕਸਭਾ ਹਲਕੇ ਵਿਚ 7 ਆਜ਼ਾਦ ਉਮੀਦਵਾਰਾਂ ਸਮੇਤ ਕੁਲ 14 ਉਮੀਦਵਾਰ ਚੋਣ ਮੈਦਾਨ ਵਿਚ ਨਿਤਰੇ ਹੋਏ ਨੇ। ਸੂਬੇ ਵਿਚ ਸਬ ਤੋਂ ਘੱਟ ਉਮੀਦਵਾਰ ਇਸ ਹਲਕੇ ਵਿਚ ਹੀ ਨੇ। ਹਲਕੇ ਵਿਚ ਵੋਟਰਾਂ ਦੀ ਕੁਲ ਗਿਣਤੀ 15 ਲੱਖ 52 ਹਜ਼ਾਰ 567 ਏ ਅਤੇ ਇਨਾਂ ਵਿਚ 8 ਲੱਖ 23 ਹਜ਼ਾਰ 339 ਮਰਦ, 7 ਲੱਖ 29 ਹਜ਼ਾਰ 196 ਔਰਤ ਤੇ 32 ਥਰਡ ਜੈਂਡਰ ਵੋਟਰ ਸ਼ਾਮਲ ਨੇ।

---------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਜਬਰਦਸਤ ਕਹਿਰ ਢਾ ਰਹੀ ਝੁਲਸਾ ਦੇਣ ਵਾਲੀ ਗਰਮੀ ਦਾ ਜ਼ੋਰ ਹੁਣ ਲਗਾਤਾਰ ਵਧਦਾ ਹੀ ਜਾ

ਰਿਹਾ ਏ। ਸਵੇਰ ਤੋਂ ਹੀ ਹਰ ਪਾਸਾ ਭੱਠੀ ਵਾਂਗ ਤਪਣਾ ਸ਼ੁਰੂ ਹੋ ਜਾਂਦਾ ਏ। ਇਸ ਨਾਲ ਜਨਜੀਵਨ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ। ਲੋਕ ਵੀ ਅਤ ਦੀ ਇਸ ਗਰਮੀ ਤੋਂ ਬੇਹੱਦ ਪਰੇਸ਼ਾਨ ਨੇ।